ਰਾਮਕਲੀ ਮਹਲਾ ੧ ॥ ਜਗੁ ਪਰਬੋਧਹਿ ਮੜੀ ਬਧਾਵਹਿ ॥ ਆਸਣੁ ਤਿਆਗਿ ਕਾਹੇ ਸਚੁ ਪਾਵਹਿ ॥
ਮਮਤਾ ਮੋਹੁ ਕਾਮਣਿ ਹਿਤਕਾਰੀ ॥ ਨਾ ਅਉਧੂਤੀ ਨਾ ਸੰਸਾਰੀ ॥੧॥ ਜੋਗੀ ਬੈਸਿ ਰਹਹੁ ਦੁਬਿਧਾ ਦੁਖੁ
ਭਾਗੈ ॥ ਘਰਿ ਘਰਿ ਮਾਗਤ ਲਾਜ ਨ ਲਾਗੈ ॥੧॥ ਰਹਾਉ ॥ ਗਾਵਹਿ ਗੀਤ ਨ ਚੀਨਹਿ ਆਪੁ ॥ ਕਿਉ
ਲਾਗੀ ਨਿਵਰੈ ਪਰਤਾਪੁ ॥ ਗੁਰ ਕੈ ਸਬਦਿ ਰਚੈ ਮਨ ਭਾਇ ॥ ਭਿਖਿਆ ਸਹਜ ਵੀਚਾਰੀ ਖਾਇ ॥੨॥
ਭਸਮ ਚੜਾਇ ਕਰਹਿ ਪਾਖੰਡੁ ॥ ਮਾਇਆ ਮੋਹਿ ਸਹਹਿ ਜਮ ਡੰਡੁ ॥ ਫੂਟੈ ਖਾਪਰੁ ਭੀਖ ਨ ਭਾਇ ॥
ਬੰਧਨਿ ਬਾਧਿਆ ਆਵੈ ਜਾਇ ॥੩॥ ਬਿੰਦੁ ਨ ਰਾਖਹਿ ਜਤੀ ਕਹਾਵਹਿ ॥ ਮਾਈ ਮਾਗਤ ਤ੍ਰੈ ਲੋਭਾਵਹਿ
॥ ਨਿਰਦਇਆ ਨਹੀ ਜੋਤਿ ਉਜਾਲਾ ॥ ਬੂਡਤ ਬੂਡੇ ਸਰਬ ਜੰਜਾਲਾ ॥ ੪॥ ਭੇਖ ਕਰਹਿ ਖਿੰਥਾ ਬਹੁ
ਥਟੂਆ ॥ ਝੂਠੋ ਖੇਲੁ ਖੇਲੈ ਬਹੁ ਨਟੂਆ ॥ ਅੰਤਰਿ ਅਗਨਿ ਚਿੰਤਾ ਬਹੁ ਜਾਰੇ ॥ ਵਿਣੁ ਕਰਮਾ ਕੈਸੇ
ਉਤਰਸਿ ਪਾਰੇ ॥੫॥ ਮੁੰਦ੍ਰਾ ਫਟਕ ਬਨਾਈ ਕਾਨਿ ॥ ਮੁਕਤਿ ਨਹੀ ਬਿਦਿਆ ਬਿਗਿਆਨਿ ॥ ਜਿਹਵਾ
ਇੰਦ੍ਰੀ ਸਾਦਿ ਲੁੋਭਾਨਾ ॥ ਪਸੂ ਭਏ ਨਹੀ ਮਿਟੈ ਨੀਸਾਨਾ ॥੬॥ ਤ੍ਰਿਬਿਧਿ ਲੋਗਾ ਤ੍ਰਿਬਿਧਿ ਜੋਗਾ ॥ ਸਬਦੁ
ਵੀਚਾਰੈ ਚੂਕਸਿ ਸੋਗਾ ॥ ਊਜਲੁ ਸਾਚੁ ਸੁ ਸਬਦੁ ਹੋਇ ॥ ਜੋਗੀ ਜੁਗਤਿ ਵੀ ਚਾਰੇ ਸੋਇ ॥੭॥ ਤੁਝ
ਪਹਿ ਨਉ ਨਿਧਿ ਤੂ ਕਰਣੈ ਜੋਗੁ ॥ ਥਾਪਿ ਉਥਾਪੇ ਕਰੇ ਸੁ ਹੋਗੁ ॥ ਜਤੁ ਸਤੁ ਸੰਜਮੁ ਸਚੁ ਸੁਚੀਤੁ ॥
ਨਾਨਕ ਜੋਗੀ ਤ੍ਰਿਭਵਣ ਮੀਤੁ ॥੮॥੨॥ {ਪੰਨਾ 903}

ਪਦਅਰਥ:- ਪਰਬੋਧਹਿ—ਤੂੰ ਜਗਾਂਦਾ ਹੈਂ, ਤੂੰ ਉਪਦੇਸ਼ ਕਰਦਾ ਹੈਂ (ਹੇ ਜੋਗੀ!)। ਮੜੀ—ਸਰੀਰ। ਬਧਾਵਹਿ—(ਪਾਲ ਪਾਲ ਕੇ) ਵਧਾਂਦਾ ਹੈਂ, ਮੋਟਾ ਕਰਦਾ ਹੈਂ। ਆਸਣੁ—ਮਨ ਦਾ ਆਸਣ, ਚਿੱਤ ਦੀ ਅਡੋਲਤਾ। ਕਾਹੇ—ਕਿਵੇਂ? ਕਾਮਣਿ—ਇਸਤ੍ਰੀ। ਹਿਤ ਕਾਰੀ—ਪ੍ਰੇਮ ਕਰਨ ਵਾਲਾ। ਅਉਧੂਤੀ—ਤਿਆਗੀ। ਸੰਸਾਰੀ—ਗ੍ਰਿਹਸਤੀ।1।

ਜੋਗੀ—ਹੇ ਜੋਗੀ! ਬੈਸਿ ਰਹਹੁ—ਬੈਠਾ ਰਹੁ, ਸ੍ਵੈ ਸਰੂਪ ਵਿਚ ਟਿਕਿਆ ਰਹੁ, ਮਨ ਨੂੰ ਟਿਕਾਉ। ਦੁਬਿਧਾ—ਦੁਚਿੱਤਾਪਨ, ਦੂਜੇ ਆਸਰੇ ਦੀ ਝਾਕ। ਭਾਗੈ—ਦੂਰ ਹੋ ਜਾਏ। ਲਾਜ ਨ ਲਾਗੈ—ਸ਼ਰਮ ਨਾਹ ਉਠਾਣੀ ਪਏ।1। ਰਹਾਉ।

ਆਪੁ—ਆਪਣੇ ਆਪ ਨੂੰ। ਨ ਚੀਨਹਿ—ਤੂੰ ਨਹੀਂ ਪਛਾਣਦਾ। ਲਾਗੀ—ਲੱਗੀ ਹੋਈ। ਨਿਵਰੈ—ਦੂਰ ਹੋਵੇ। ਪਰਤਾਪੁ—ਤਪਸ਼, ਤ੍ਰਿਸ਼ਨਾ-ਅੱਗ। ਸਬਦਿ—ਸ਼ਬਦ ਵਿਚ। ਮਨ ਭਾਇ—ਮਨ ਦੇ ਪ੍ਰੇਮ ਨਾਲ। ਸਹਜ ਵੀਚਾਰੀ—ਸਹਿਜ ਦਾ ਵਿਚਾਰਵਾਨ ਹੋ ਕੇ, ਅਡੋਲ ਆਤਮਕ ਅਵਸਥਾ ਦੀ ਸੂਝ ਵਾਲਾ ਹੋ ਕੇ। ਭਿਖਿਆ—(ਪਰਮਾਤਮਾ ਦੇ ਦਰ ਤੋਂ ਨਾਮ ਦੀ) ਭਿੱਛਿਆ। ਖਾਇ—ਖਾਂਦਾ ਹੈ {ਨੋਟ:- ਲਫ਼ਜ਼ 'ਖਾਇ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ}।2।

ਭਸਮ—ਸੁਆਹ। ਚੜਾਇ—ਚੜ੍ਹਾ ਕੇ, ਮਲ ਕੇ। ਸਹਹਿ—ਤੂੰ ਸਹਾਰਦਾ ਹੈਂ। ਡੰਡੁ—ਸਜ਼ਾ। ਖਾਪਰੁ—ਖੱਪਰ, ਹਿਰਦਾ। ਫੂਟੈ—ਟੁੱਟ ਜਾਂਦਾ ਹੈ, ਅਡੋਲਤਾ ਨਹੀਂ ਰਹਿ ਜਾਂਦੀ। ਭੀਖ—ਨਾਮ ਦੀ ਭਿੱਛਿਆ। ਭਾਇ—(ਪ੍ਰਭੂ ਦੇ) ਪ੍ਰੇਮ ਦੀ ਰਾਹੀਂ। ਬੰਧਨਿ—ਬੰਧਨ ਵਿਚ।3।

ਬਿੰਦੁ—ਵੀਰਜ। ਮਾਈ—ਮਾਇਆ। ਤ੍ਰੈ—(ਮਾਇਆ ਦੇ) ਤਿੰਨ ਗੁਣਾਂ ਵਿਚ। ਲੋਭਾਵਹਿ—ਤੂੰ ਗ੍ਰਸਿਆ ਹੋਇਆ ਹੈਂ। ਉਜਾਲਾ—ਚਾਨਣ, ਪ੍ਰਕਾਸ਼। ਬੂਡਤ ਬੂਡੇ—ਡੁੱਬਦਾ ਡੁੱਬ ਗਿਆ।4।

ਖਿੰਥਾ—ਗੋਦੜੀ। ਥਟੂਆ—ਥਾਟ, ਬਨਾਵਟ। ਨਟੂਆ—ਮਦਾਰੀ। ਅਗਨਿ—ਤ੍ਰਿਸ਼ਨਾ ਦੀ ਅੱਗ। ਜਾਰੇ—ਸਾੜਦੀ ਹੈ। ਕਰਮਾ—ਬਖ਼ਸ਼ਸ਼, ਮੇਹਰ। ਉਤਰਸਿ—ਉਤਰੇਗਾ।5।

ਫਟਕ—ਕੱਚ। ਕਾਨਿ—ਕੰਨ ਵਿਚ। ਗਿਆਨਿ—ਗਿਆਨ ਵਿਚ। ਬਿਗਿਆਨਿ—ਗਿਆਨ-ਹੀਨਤਾ ਵਿਚ। ਬਿਦਿਆ—ਆਤਮਕ ਵਿੱਦਿਆ। ਬਿਦਿਆ ਬਿਗਿਆਨੀ—ਆਤਮਕ ਵਿੱਦਿਆ ਦੀ ਸੂਝ ਤੋਂ ਬਿਨਾ। ਸਾਦਿ—

ਸੁਆਦ ਵਿਚ, ਚਸਕੇ ਵਿਚ। ਲੋੁਭਾਨਾ—ਫਸਿਆ ਹੋਇਆ {ਨੋਟ:- ਅੱਖਰ 'ਲ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਲੋਭਾਨਾ' ਹੈ, ਇਥੇ 'ਲੁਭਾਨਾ' ਪੜ੍ਹਨਾ ਹੈ}। ਨੀਸਾਨਾ—ਨਿਸ਼ਾਨਾ, ਲੱਛਣ।6।

ਤ੍ਰਿਬਿਧਿ—ਮਾਇਆ ਦੀਆਂ ਤਿੰਨ ਕਿਸਮਾਂ ਵਿਚ, ਤਿੰਨ ਗੁਣਾਂ ਵਿਚ। ਲੋਗਾ—ਸਾਧਾਰਨ ਜਗਤ। ਜੋਗਾ—ਜੋਗਧਾਰੀ, ਜੋਗੀ। ਸੋਗਾ—ਚਿੰਤਾ। ਊਜਲੁ ਹੋਇ—ਪਵਿਤ੍ਰ ਹੋ ਜਾਂਦਾ ਹੈ। ਜੁਗਤਿ—ਜੀਵਨ ਦੀ ਜਾਚ।7।

ਪਹਿ—ਪਾਸ। ਨਉਨਿਧ—ਨੌ ਖ਼ਜ਼ਾਨੇ, ਨੌ ਖ਼ਜ਼ਾਨਿਆਂ ਦਾ ਮਾਲਕ ਪ੍ਰਭੂ। ਉਥਾਪੇ—ਨਾਸ ਕਰਦਾ ਹੈ। ਸਚੁ—ਸਦਾ-ਥਿਰ ਪ੍ਰਭੂ। ਸੁਚੀਤੁ—ਪਵਿਤ੍ਰ ਹਿਰਦੇ ਵਾਲਾ।8।

ਅਰਥ:- ਹੇ ਜੋਗੀ! ਆਪਣੇ ਮਨ ਨੂੰ ਪ੍ਰਭੂ-ਚਰਨਾਂ ਵਿਚ ਜੋੜ (ਇਸ ਤਰ੍ਹਾਂ) ਹੋਰ ਹੋਰ ਆਸਰਾ ਭਾਲਣ ਦੀ ਝਾਕ ਦਾ ਦੁੱਖ ਦੂਰ ਹੋ ਜਾਇਗਾ। ਘਰ ਘਰ (ਮੰਗਣ ਦੀ) ਸ਼ਰਮ ਭੀ ਨਾਹ ਉਠਾਣੀ ਪਏਗੀ।1। ਰਹਾਉ।

(ਹੇ ਜੋਗੀ!) ਤੂੰ ਜਗਤ ਨੂੰ ਉਪਦੇਸ਼ ਕਰਦਾ ਹੈਂ (ਇਸ ਉਪਦੇਸ਼ ਦੇ ਵੱਟੇ ਘਰ ਘਰ ਭਿੱਛਿਆ ਮੰਗ ਕੇ ਆਪਣੇ) ਸਰੀਰ ਨੂੰ (ਪਾਲ ਪਾਲ ਕੇ) ਮੋਟਾ ਕਰ ਰਿਹਾ ਹੈਂ। (ਦਰ ਦਰ ਭਟਕਣ ਨਾਲ) ਮਨ ਦੀ ਅਡੋਲਤਾ ਗਵਾ ਕੇ ਤੂੰ ਸਦਾ-ਅਡੋਲ ਪਰਮਾਤਮਾ ਨੂੰ ਕਿਵੇਂ ਮਿਲ ਸਕਦਾ ਹੈਂ? ਜਿਸ ਮਨੁੱਖ ਨੂੰ ਮਾਇਆ ਦੀ ਮਮਤਾ ਲੱਗੀ ਹੋਵੇ ਮਾਇਆ ਦਾ ਮੋਹ ਚੰਬੜਿਆ ਹੋਵੇ ਜੋ ਇਸਤ੍ਰੀ ਦਾ ਭੀ ਪ੍ਰੇਮੀ ਹੋਵੇ ਉਹ ਨਾਹ ਤਿਆਗੀ ਰਿਹਾ ਨਾਹ ਗ੍ਰਿਹਸਤੀ ਬਣਿਆ।1।

(ਹੇ ਜੋਗੀ! ਤੂੰ ਲੋਕਾਂ ਨੂੰ ਸੁਣਾਣ ਵਾਸਤੇ) ਭਜਨ ਗਾਉਂਦਾ ਹੈਂ ਪਰ ਆਪਣੇ ਆਤਮਕ ਜੀਵਨ ਨੂੰ ਨਹੀਂ ਵੇਖਦਾ। (ਤੇਰੇ ਅੰਦਰ ਮਾਇਆ ਦੀ) ਤਪਸ਼ ਲੱਗੀ ਹੋਈ ਹੈ (ਲੋਕਾਂ ਨੂੰ ਗੀਤ ਸੁਣਾਇਆਂ) ਇਹ ਕਿਵੇਂ ਦੂਰ ਹੋਵੇ? ਜੇਹੜਾ ਮਨੁੱਖ ਮਨ ਦੇ ਪਿਆਰ ਨਾਲ ਗੁਰੂ ਦੇ ਸ਼ਬਦ ਵਿਚ ਲੀਨ ਹੁੰਦਾ ਹੈ, ਉਹ ਅਡੋਲ ਆਤਮਕ ਅਵਸਥਾ ਦੀ ਸੂਝ ਵਾਲਾ ਹੋ ਕੇ (ਪਰਮਾਤਮਾ ਦੇ ਦਰ ਤੋਂ ਨਾਮ ਦੀ) ਭਿੱਛਿਆ (ਲੈ ਕੇ) ਖਾਂਦਾ ਹੈ।2।

(ਹੇ ਜੋਗੀ!) ਤੂੰ (ਆਪਣੇ ਪਿੰਡੇ ਉਤੇ) ਸੁਆਹ ਮਲ ਕੇ (ਤਿਆਗੀ ਹੋਣ ਦਾ, ਪਖੰਡ ਕਰਦਾ ਹੈਂ (ਪਰ ਤੇਰੇ ਅੰਦਰ) ਮਾਇਆ ਦਾ ਮੋਹ (ਪ੍ਰਬਲ) ਹੈ (ਅੰਤਰ ਆਤਮੇ) ਤੂੰ ਜਮ ਦੀ ਸਜ਼ਾ ਭੁਗਤ ਰਿਹਾ ਹੈਂ। ਜਿਸ ਮਨੁੱਖ ਦਾ ਹਿਰਦਾ-ਖੱਪਰ ਟੁੱਟ ਜਾਂਦਾ ਹੈ (ਭਾਵ, ਮਾਇਆ ਦੇ ਮੋਹ ਦੇ ਕਾਰਨ ਜਿਸ ਦਾ ਹਿਰਦਾ ਅਡੋਲ ਨਹੀਂ ਰਹਿ ਜਾਂਦਾ) ਉਸ ਵਿਚ (ਨਾਮ ਦੀ) ਉਹ ਭਿੱਛਿਆ ਨਹੀਂ ਠਹਿਰ ਸਕਦੀ ਜੋ (ਪ੍ਰਭੂ-ਚਰਨਾਂ ਵਿਚ) ਪ੍ਰੇਮ ਦੀ ਰਾਹੀਂ ਮਿਲਦੀ ਹੈ। ਅਜੇਹਾ ਮਨੁੱਖ ਮਾਇਆ ਦੀ ਜੇਵੜੀ ਵਿਚ ਬੱਝਾ ਹੋਇਆ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।3।

ਹੇ ਜੋਗੀ! ਤੂੰ ਕਾਮ-ਵਾਸਨਾ ਤੋਂ ਆਪਣੇ ਆਪ ਨੂੰ ਨਹੀਂ ਬਚਾਂਦਾ, ਪਰ (ਫਿਰ ਭੀ ਲੋਕਾਂ ਪਾਸੋਂ) ਜਤੀ ਅਖਵਾ ਰਿਹਾ ਹੈਂ। ਮਾਇਆ ਮੰਗਦਾ ਮੰਗਦਾ ਤੂੰ ਤ੍ਰੈਗੁਣੀ ਮਾਇਆ ਵਿਚ ਫਸ ਰਿਹਾ ਹੈਂ। ਜਿਸ ਮਨੁੱਖ ਦੇ ਅੰਦਰ ਕਠੋਰਤਾ ਹੋਵੇ ਉਸ ਦੇ ਹਿਰਦੇ ਵਿਚ ਪਰਮਾਤਮਾ ਦੀ ਜੋਤਿ ਦਾ ਚਾਨਣ ਨਹੀਂ ਹੋ ਸਕਦਾ, (ਸਹਿਜੇ ਸਹਿਜੇ) ਡੁੱਬਦਾ ਡੁੱਬਦਾ ਉਹ (ਮਾਇਆ ਦੇ) ਸਾਰੇ ਜੰਜਾਲਾਂ ਵਿਚ ਡੁੱਬ ਜਾਂਦਾ ਹੈ।4।

(ਹੇ ਜੋਗੀ!) ਗੋਦੜੀ ਆਦਿਕ ਦਾ ਬਹੁਤ ਅਡੰਬਰ ਰਚਾ ਕੇ ਤੂੰ (ਵਿਖਾਵੇ ਲਈ) ਧਾਰਮਿਕ ਪਹਿਰਾਵਾ ਕਰ ਰਿਹਾ ਹੈਂ, ਪਰ ਤੇਰਾ ਇਹ ਅਡੰਬਰ ਉਸ ਮਦਾਰੀ ਦੇ ਤਮਾਸ਼ੇ ਵਾਂਗ ਹੈ ਜੋ (ਲੋਕਾਂ ਪਾਸੋਂ ਮਾਇਆ ਕਮਾਣ ਲਈ) ਝੂਠਾ ਖੇਲ ਹੀ ਖੇਲਦਾ ਹੈ (ਭਾਵ, ਜੋ ਕੁਝ ਉਹ ਵਿਖਾਂਦਾ ਹੈ ਉਹ ਅਸਲ ਵਿਚ ਨਜ਼ਰ ਦਾ ਧੋਖਾ ਹੀ ਹੁੰਦਾ ਹੈ)। ਜਿਸ ਮਨੁੱਖ ਨੂੰ ਤ੍ਰਿਸ਼ਨਾ ਤੇ ਚਿੰਤਾ ਦੀ ਅੱਗ ਅੰਦਰੇ ਅੰਦਰ ਸਾੜ ਰਹੀ ਹੋਵੇ, ਉਹ ਪਰਮਾਤਮਾ ਦੀ ਮੇਹਰ ਤੋਂ ਬਿਨਾ (ਅੱਗ ਦੇ ਇਸ ਭਾਂਬੜ ਤੋਂ) ਪਾਰ ਨਹੀਂ ਲੰਘ ਸਕਦਾ।5।

(ਹੇ ਜੋਗੀ!) ਤੂੰ ਕੱਚ ਦੀ ਮੁੰਦ੍ਰਾ ਬਣਾਈ ਹੋਈ ਹੈ ਤੇ ਹਰੇਕ ਕੰਨ ਵਿਚ ਪਾਈ ਹੋਈ ਹੈ, ਪਰ ਆਤਮਕ ਵਿੱਦਿਆ ਦੀ ਸੂਝ ਤੋਂ ਬਿਨਾ (ਅੰਦਰ ਵੱਸਦੇ ਮਾਇਆ ਦੇ ਮੋਹ ਤੋਂ ਖ਼ਲਾਸੀ ਨਹੀਂ ਹੋ ਸਕਦੀ। ਜੇਹੜਾ ਮਨੁੱਖ ਜੀਭ ਤੇ ਇੰਦ੍ਰੀ ਦੇ ਚਸਕੇ ਵਿਚ ਫਸਿਆ ਹੋਇਆ ਹੋਵੇ (ਉਹ ਵੇਖਣ ਨੂੰ ਤਾਂ ਮਨੁੱਖ ਹੈ, ਪਰ ਅਸਲ ਵਿਚ) ਪਸ਼ੂ ਹੈ, (ਬਾਹਰਲੇ ਤਿਆਗੀ ਭੇਖ ਨਾਲ) ਉਸ ਦਾ ਇਹ ਪਸ਼ੂ-ਪੁਣੇ ਦਾ (ਅੰਦਰਲਾ) ਲੱਛਣ ਮਿਟ ਨਹੀਂ ਸਕਦਾ।6।

(ਹੇ ਜੋਗੀ! ਖਿੰਥਾ ਮੁੰਦ੍ਰਾ ਆਦਿਕ ਨਾਲ ਤਾਂ ਤਿਆਗੀ ਨਹੀਂ ਬਣ ਜਾਈਦਾ। ਸ਼ਬਦ ਤੋਂ ਬਿਨਾ ਜਿਵੇਂ) ਸਾਧਾਰਨ ਜਗਤ ਤ੍ਰੈਗੁਣੀ ਮਾਇਆ ਵਿਚ ਗ੍ਰਸਿਆ ਹੋਇਆ ਹੈ ਤਿਵੇਂ (ਭੇਖਧਾਰੀ) ਜੋਗੀ ਹੈ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਵਸਾਂਦਾ ਹੈ, (ਮਾਇਆ ਦੇ ਮੋਹ ਤੋਂ ਪੈਦਾ ਹੋਣ ਵਾਲੀ) ਉਸ ਦੀ ਚਿੰਤਾ ਮਿਟ ਜਾਂਦੀ ਹੈ। ਉਹੀ ਮਨੁੱਖ ਪਵਿਤ੍ਰ ਹੋ ਸਕਦਾ ਹੈ ਜਿਸ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਤੇ ਉਸ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਵੱਸਦਾ ਹੈ, ਉਹੀ ਅਸਲ ਜੋਗੀ ਹੈ ਉਹੀ ਜੀਵਨ ਦੀ ਜੁਗਤਿ ਨੂੰ ਸਮਝਦਾ ਹੈ।7।

(ਹੇ ਜੋਗੀ!) ਤੂੰ ਸਭ ਕੁਝ ਕਰਣ ਦੇ ਸਮਰੱਥ ਪਰਮਾਤਮਾ ਨੂੰ ਸਿਮਰ, ਸਾਰੀ ਦੁਨੀਆ ਦੀ ਮਾਇਆ ਦਾ ਮਾਲਕ ਉਹ ਪ੍ਰਭੂ ਤੇਰੇ ਅੰਦਰ ਵੱਸਦਾ ਹੈ। ਉਹ ਆਪ ਹੀ ਜਗਤ ਰਚਨਾ ਕਰ ਕੇ ਆਪ ਹੀ ਨਾਸ ਕਰਦਾ ਹੈ, ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਉਹ ਪ੍ਰਭੂ ਕਰਦਾ ਹੈ।

ਹੇ ਨਾਨਕ! ਉਸੇ ਜੋਗੀ ਦੇ ਅੰਦਰ ਜਤ ਹੈ ਸਤ ਹੈ ਸੰਜਮ ਹੈ ਉਸੇ ਦਾ ਹਿਰਦਾ ਪਵਿਤ੍ਰ ਹੈ ਜਿਸ ਦੇ ਅੰਦਰ ਸਦਾ-ਥਿਰ ਪ੍ਰਭੂ ਵੱਸਦਾ ਹੈ, ਉਹ ਜੋਗੀ ਤਿੰਨਾਂ ਭਵਨਾਂ ਦਾ ਮਿੱਤਰ ਹੈ (ਉਸ ਜੋਗੀ ਨੂੰ ਸਾਰਾ ਜਗਤ ਪਿਆਰ ਕਰਦਾ ਹੈ)।8।2।